ਆਸਾ ਮਹਲਾ ੫ ॥

Aasaa, Fifth Mehl,

ਸਲੋਕ ॥

Shalok:

ਉਦਮੁ ਕਰਹੁ ਵਡਭਾਗੀਹੋ ਸਿਮਰਹੁ ਹਰਿ ਹਰਿ ਰਾਇ ॥

Make the effort, O very fortunate ones, and meditate on the Lord, the Lord King.

ਨਾਨਕ ਜਿਸੁ ਸਿਮਰਤ ਸਭ ਸੁਖ ਹੋਵਹਿ ਦੂਖੁ ਦਰਦੁ ਭ੍ਰਮੁ ਜਾਇ ॥੧॥

O Nanak, remembering Him in meditation, you shall obtain total peace, and your pains and troubles and doubts shall depart. ||1||

ਛੰਤੁ ॥

Chhant:

ਨਾਮੁ ਜਪਤ ਗੋਬਿੰਦ ਨਹ ਅਲਸਾਈਐ ॥

Chant the Naam, the Name of the Lord of the Universe; don't be lazy.

ਭੇਟਤ ਸਾਧੂ ਸੰਗ ਜਮ ਪੁਰਿ ਨਹ ਜਾਈਐ ॥

Meeting with the Saadh Sangat, the Company of the Holy, you shall not have to go to the City of Death.

ਦੂਖ ਦਰਦ ਨ ਭਉ ਬਿਆਪੈ ਨਾਮੁ ਸਿਮਰਤ ਸਦ ਸੁਖੀ ॥

Pain, trouble and fear will not afflict you; meditating on the Naam, a lasting peace is found.

ਸਾਸਿ ਸਾਸਿ ਅਰਾਧਿ ਹਰਿ ਹਰਿ ਧਿਆਇ ਸੋ ਪ੍ਰਭੁ ਮਨਿ ਮੁਖੀ ॥

With each and every breath, worship the Lord in adoration; meditate on the Lord God in your mind and with your mouth.

ਕ੍ਰਿਪਾਲ ਦਇਆਲ ਰਸਾਲ ਗੁਣ ਨਿਧਿ ਕਰਿ ਦਇਆ ਸੇਵਾ ਲਾਈਐ ॥

O kind and compassionate Lord, O treasure of sublime essence, treasure of excellence, please link me to Your service.

ਨਾਨਕੁ ਪਇਅੰਪੈ ਚਰਣ ਜੰਪੈ ਨਾਮੁ ਜਪਤ ਗੋਬਿੰਦ ਨਹ ਅਲਸਾਈਐ ॥੧॥

Prays Nanak: may I meditate on the Lord's lotus feet, and not be lazy in chanting the Naam, the Name of the Lord of the Universe. ||1||

ਪਾਵਨ ਪਤਿਤ ਪੁਨੀਤ ਨਾਮ ਨਿਰੰਜਨਾ ॥

The Purifier of sinners is the Naam, the Pure Name of the Immaculate Lord.

ਭਰਮ ਅੰਧੇਰ ਬਿਨਾਸ ਗਿਆਨ ਗੁਰ ਅੰਜਨਾ ॥

The darkness of doubt is removed by the healing ointment of the Guru's spiritual wisdom.

ਗੁਰ ਗਿਆਨ ਅੰਜਨ ਪ੍ਰਭ ਨਿਰੰਜਨ ਜਲਿ ਥਲਿ ਮਹੀਅਲਿ ਪੂਰਿਆ ॥

By the healing ointment of the Guru's spiritual wisdom, one meets the Immaculate Lord God, who is totally pervading the water, the land and the sky.

ਇਕ ਨਿਮਖ ਜਾ ਕੈ ਰਿਦੈ ਵਸਿਆ ਮਿਟੇ ਤਿਸਹਿ ਵਿਸੂਰਿਆ ॥

If He dwells within the heart, for even an instant, sorrows are forgotten.

ਅਗਾਧਿ ਬੋਧ ਸਮਰਥ ਸੁਆਮੀ ਸਰਬ ਕਾ ਭਉ ਭੰਜਨਾ ॥

The wisdom of the all-powerful Lord and Master is incomprehensible; He is the Destroyer of the fears of all.

ਨਾਨਕੁ ਪਇਅੰਪੈ ਚਰਣ ਜੰਪੈ ਪਾਵਨ ਪਤਿਤ ਪੁਨੀਤ ਨਾਮ ਨਿਰੰਜਨਾ ॥੨॥

Prays Nanak, I meditate on the Lord's lotus feet. The Purifier of sinners is the Naam, the Pure Name of the Immaculate Lord. ||2||

ਓਟ ਗਹੀ ਗੋਪਾਲ ਦਇਆਲ ਕ੍ਰਿਪਾ ਨਿਧੇ ॥

I have grasped the protection of the merciful Lord, the Sustainer of the Universe, the treasure of grace.

ਮੋਹਿ ਆਸਰ ਤੁਅ ਚਰਨ ਤੁਮਾਰੀ ਸਰਨਿ ਸਿਧੇ ॥

I take the support of Your lotus feet, and in the protection of Your Sanctuary, I attain perfection.

ਹਰਿ ਚਰਨ ਕਾਰਨ ਕਰਨ ਸੁਆਮੀ ਪਤਿਤ ਉਧਰਨ ਹਰਿ ਹਰੇ ॥

The Lord's lotus feet are the cause of causes; the Lord Master saves even the sinners.

ਸਾਗਰ ਸੰਸਾਰ ਭਵ ਉਤਾਰ ਨਾਮੁ ਸਿਮਰਤ ਬਹੁ ਤਰੇ ॥

So many are saved; they cross over the terrifying world-ocean, contemplating the Naam, the Name of the Lord.

ਆਦਿ ਅੰਤਿ ਬੇਅੰਤ ਖੋਜਹਿ ਸੁਨੀ ਉਧਰਨ ਸੰਤਸੰਗ ਬਿਧੇ ॥

In the beginning and in the end, countless are those who seek the Lord. I have heard that the Society of the Saints is the way to salvation.

ਨਾਨਕੁ ਪਇਅੰਪੈ ਚਰਨ ਜੰਪੈ ਓਟ ਗਹੀ ਗੋਪਾਲ ਦਇਆਲ ਕ੍ਰਿਪਾ ਨਿਧੇ ॥੩॥

Prays Nanak, I meditate on the Lord's lotus feet, and grasp the protection of the Lord of the Universe, the merciful, the ocean of kindness. ||3||

ਭਗਤਿ ਵਛਲੁ ਹਰਿ ਬਿਰਦੁ ਆਪਿ ਬਨਾਇਆ ॥

The Lord is the Lover of His devotees; this is His natural way.

ਜਹ ਜਹ ਸੰਤ ਅਰਾਧਹਿ ਤਹ ਤਹ ਪ੍ਰਗਟਾਇਆ ॥

Wherever the Saints worship the Lord in adoration, there He is revealed.

ਪ੍ਰਭਿ ਆਪਿ ਲੀਏ ਸਮਾਇ ਸਹਜਿ ਸੁਭਾਇ ਭਗਤ ਕਾਰਜ ਸਾਰਿਆ ॥

God blends Himself with His devotees in His natural way, and resolves their affairs.

ਆਨੰਦ ਹਰਿ ਜਸ ਮਹਾ ਮੰਗਲ ਸਰਬ ਦੂਖ ਵਿਸਾਰਿਆ ॥

In the ecstasy of the Lord's Praises, they obtain supreme joy, and forget all their sorrows.

ਚਮਤਕਾਰ ਪ੍ਰਗਾਸੁ ਦਹ ਦਿਸ ਏਕੁ ਤਹ ਦ੍ਰਿਸਟਾਇਆ ॥

The brilliant flash of the One Lord is revealed to them - they behold Him in the ten directions.

ਨਾਨਕੁ ਪਇਅੰਪੈ ਚਰਣ ਜੰਪੈ ਭਗਤਿ ਵਛਲੁ ਹਰਿ ਬਿਰਦੁ ਆਪਿ ਬਨਾਇਆ ॥੪॥੩॥੬॥

Prays Nanak, I meditate on the Lord's lotus feet; the Lord is the Lover of His devotees; this is His natural way. ||4||3||6||